27-NOV-HSP-Pages.qxd 11/27/2025 11:08 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਪਿੰਡ ਬਸੀ ਜਲਾਲ ਵਿਖੇ ਕਰਵਾਏ ਸਮਾਗਮ ਦੌਰਾਨ ਕੀਰਤਨ ਕਰਦਾ ਹੋਇਆ ਰਾਗੀ ਜਥਾ।

ਸ਼ਹੀਦੀ ਦਿਹਾੜੇ ਨੂੰ ਸਮਰਪਿਤ ਬਸੀ ਜਲਾਲ ਵਿਖੇ ਸਮਾਗਮ ਕਰਵਾਇਆ

ਅੱਡਾ ਸਰਾਂ, 27 ਨਵੰਬਰ (ਹਰਜਿੰਦਰ ਸਿੰਘ ਮਸੀਤੀ)-ਪਿੰਡ ਬਸੀ ਜਲਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਗੁਰਦੁਆਰਾ ਬਾਬਾ ਸੋਡੀ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਪਾਠ ਦਾ ਭੋਗ ਪੈਣ ਉਪਰੰਤ ਭਾਈ ਸੁਖਦੀਪ ਸਿੰਘ ਦੇ ਰਾਗੀ ਜਥੇ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀ ਜੀਵਨੀ ਨਾਲ ਸੰਬੰਧਿਤ ਇਤਿਹਾਸ ਸਰਵਣ ਕਰਵਾਇਆ ਅਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਿੱਖਾਂ ਦੇ ਗੌਰਵਮਈ ਇਤਿਹਾਸ ਤੋਂ ਜਾਣੂ ਕਰਵਾ ਕੇ ਸਿੱਖੀ ਨਾਲ ਜੋੜਨ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪਰਮਜੀਤ ਸਿੰਘ ਬੈਂਸ ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆਂ ਸਿੱਖੀ ਤੋਂ ਬੇਮੁਖ ਹੋ ਰਹੀ ਅਜੋਕੇ ਯੁੱਗ ਦੀ ਪੀੜ੍ਹੀ ਨੂੰ ਸਿੱਖੀ ਵੱਲ ਮੋੜਨ ਲਈ ਉਪਰਾਲੇ ਕਰਨ 'ਤੇ ਜ਼ੋਰ ਦਿੱਤਾ। ਇਸ ਮੌਕੇ ਪਰਮਜੀਤ ਸਿੰਘ ਮੋਖਾ, ਹਰਭਜਨ ਸਿੰਘ ਬਰਾੜ, ਪਰਮਜੀਤ ਸਿੰਘ, ਰੁਪਿੰਦਰਜੀਤ ਸਿੰਘ ਬੈਂਸ, ਅੰਮ੍ਰਿਤਪਾਲ ਸਿੰਘ, ਰਵਿੰਦਰ ਸਿੰਘ, ਸਰਪੰਚ ਜਸਵਿੰਦਰ ਸਿੰਘ, ਸੁਰਿੰਦਰ ਸਿੰਘ, ਨਵਦੀਪ ਸਿੰਘ, ਅਮਰੀਕ ਸਿੰਘ, ਅਮਰਜੀਤ ਸਿੰਘ ਮੋਖਾ ਸਮੇਤ ਸੰਗਤਾਂ ਹਾਜ਼ਰ ਸਨ।

ਸਥਾਨ ਹਾਸਿਲ ਕਰਨ ਵਾਲੀਆਂ ਵਿਦਿਆਰਥਣਾਂ ਦੀਆਂ ਤਸਵੀਰਾਂ।

ਜੀ. ਟੀ. ਬੀ. ਖ਼ਾਲਸਾ ਕਾਲਜ ਫ਼ਾਰ ਵੂਮੈਨ ਦਸੂਹਾ ਦੇ ਬੀ. ਏ. ਸਮੈਸਟਰ ਦੂਜੇ ਦਾ ਨਤੀਜਾ ਰਿਹਾ ਸ਼ਾਨਦਾਰ

ਦਸੂਹਾ, 27 ਨਵੰਬਰ (ਕੌਸ਼ਲ)- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਲੋਂ ਐਲਾਨੇ ਮਈ 2025 ਦੇ ਨਤੀਜਿਆਂ ਵਿਚ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਫ਼ਾਰ ਵੂਮੈਨ ਦਸੂਹਾ ਦੇ ਬੀ.ਏ. ਸਮੈਸਟਰ ਦੂਜੇ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਵਰਿੰਦਰ ਕੌਰ ਨੇ ਦੱਸਿਆ ਕਿ ਬੀ.ਏ. ਦੂਜੇ ਸਮੈਸਟਰ ਦੀ ਸੁਮਨ ਨੇ 8.17 ਐੱਸ. ਜੀ. ਪੀ. ਏ. ਨਤੀਜੇ ਨਾਲ ਕਾਲਜ ਵਿਚੋਂ ਪਹਿਲਾ, ਮਨਮੀਤ ਕੌਰ ਨੇ 8.00 ਐੱਸ. ਜੀ. ਪੀ. ਏ. ਨਾਲ ਦੂਜਾ ਅਤੇ ਤਰਨਦੀਪ ਕੌਰ ਨੇ 7.96 ਐੱਸ. ਜੀ. ਪੀ. ਏ. ਨਤੀਜੇ ਨਾਲ ਤੀਸਰਾ ਸਥਾਨ ਹਾਸਲ ਕੀਤਾ। ਵਿਦਿਆਰਥਣਾਂ ਦੀ ਇਸ ਸ਼ਾਨਦਾਰ ਸਫਲਤਾ ਲਈ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਜਸਵੀਰ ਸਿੰਘ ਰੰਧਾਵਾ, ਉਪ ਪ੍ਰਧਾਨ ਅਜਮੇਰ ਪਾਲ ਸਿੰਘ ਘੁੰਮਣ, ਮੈਨੇਜਰ ਗੁਰਪ੍ਰੀਤ ਸਿੰਘ ਚੀਮਾ, ਉਪ ਮੈਨੇਜਰ ਦੀਪ ਗਗਨ ਸਿੰਘ ਗਿੱਲ, ਸੈਕਟਰੀ ਭੁਪਿੰਦਰ ਸਿੰਘ, ਜੁਆਇੰਟ ਸੈਕਟਰੀ ਮਹਿੰਦਰ ਸਿੰਘ, ਪ੍ਰਿੰਸੀਪਲ ਡਾ. ਵਰਿੰਦਰ ਕੌਰ ਅਤੇ ਸਮੂਹ ਸਟਾਫ਼ ਨੇ ਸੰਬੰਧਿਤ ਵਿਭਾਗ ਦੇ ਅਧਿਆਪਕਾਂ, ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆ ਨੂੰ ਵਧਾਈ ਦਿੱਤੀ ਤੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

ਡੀ.ਏ.ਵੀ. ਬੀ. ਐੱਡ. ਕਾਲਜ 'ਚ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ ਲਗਾਇਆ

• ਸਿੱਖ ਵਿਦਵਾਨ ਪ੍ਰੋ: ਆਪਿੰਦਰ ਸਿੰਘ ਨੇ ਮੁੱਖ ਬੁਲਾਰੇ ਵਜੋਂ ਕੀਤੀ ਸ਼ਿਰਕਤ

ਹੁਸ਼ਿਆਰਪੁਰ, 27 ਨਵੰਬਰ (ਬਲਜਿੰਦਰਪਾਲ ਸਿੰਘ)-ਡੀ.ਏ.ਵੀ. ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ.ਅਨੂਪ ਕੁਮਾਰ ਅਤੇ ਸਕੱਤਰ ਆਰ.ਐਮ.ਭੱਲਾ ਦੇ ਮਾਰਗ ਦਰਸ਼ਨ 'ਚ ਚੱਲ ਰਹੀ ਸੰਸਥਾ ਡੀ.ਏ.ਵੀ. ਕਾਲਜ ਆਫ਼ ਐਜੂਕੇਸ਼ਨ ਹੁਸ਼ਿਆਰਪੁਰ 'ਚ ਪੰਜਾਬ ਸਰਕਾਰ ਅਤੇ ਉਚੇਰੀ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰਿੰਸੀਪਲ ਡਾ. ਵਿਧੀ ਭੱਲਾ ਦੀ ਅਗਵਾਈ 'ਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਸ੍ਰੀ ਗੁਰੂ ਤੇਗ਼ ਬਹਾਦਰ ਜੀ : ਪ੍ਰੇਰਕ ਜੀਵਨ 'ਤੇ ਗੁਰਮਤਿ' ਵਿਸ਼ੇ 'ਤੇ ਸੰਪੂਰਨ ਸਿੱਖ ਰਹਿਤ ਮਰਿਆਦਾ ਨੂੰ ਧਿਆਨ 'ਚ ਰੱਖਦੇ ਹੋਏ ਸੈਮੀਨਾਰ ਲਗਾਇਆ ਗਿਆ। ਸੈਮੀਨਾਰ 'ਚ ਪ੍ਰੋ: ਆਪਿੰਦਰ ਸਿੰਘ ਮਾਹਿਲਪੁਰੀ (ਸਿੱਖ ਵਿਦਵਾਨ ਤੇ ਸਾਬਕਾ ਪ੍ਰੋਫ਼ੈਸਰ ਬੱਬਰ ਅਕਾਲੀ ਖ਼ਾਲਸਾ ਕਾਲਜ ਗੜ੍ਹਸ਼ੰਕਰ) ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਸਾਹਿੱਤਕਾਰ ਵਰਿੰਦਰ ਸਿੰਘ ਨਿਮਾਣਾ ਅਧਿਆਪਕ ਸਰਕਾਰੀ ਸੀਨੀ. ਸੈਕੰਡਰੀ ਸਕੂਲ ਕੋਟਲਾ ਨੌਧ ਸਿੰਘ ਨੇ ਵੀ ਬੁਲਾਰੇ ਵਜੋਂ ਆਪਣੇ ਵਿਚਾਰ ਪੇਸ਼ ਕੀਤੇ। ਕਾਲਜ ਪ੍ਰਿੰਸੀਪਲ ਡਾ. ਵਿਧੀ ਭੱਲਾ ਨੇ ਆਏ ਹੋਏ ਮਹਿਮਾਨਾਂ ਦਾ ਰਸਮੀ ਤੌਰ 'ਤੇ ਸਵਾਗਤ ਕਰਦਿਆਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਅਤੇ ਆਪਣੇ ਸ਼ਬਦ ਸਾਂਝੇ ਕਰਦੇ ਹੋਏ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਪੂਰੇ ਵਿਸ਼ਵ ਵਿਚ ਮਨੁੱਖੀ ਅਧਿਕਾਰ, ਧਰਮ ਦੀ ਆਜ਼ਾਦੀ ਤੇ ਸਰਬੱਤ ਦੇ ਭਲੇ ਦੇ ਸੰਦੇਸ਼ ਦੀ ਅਦੁੱਤੀ ਮਿਸਾਲ ਹੈ। ਮੁੱਖ ਬੁਲਾਰੇ

ਡੀ.ਏ.ਵੀ. ਕਾਲਜ ਆਫ਼ ਐਜੂਕੇਸ਼ਨ ਹੁਸ਼ਿਆਰਪੁਰ 'ਚ ਲਗਾਏ ਸੈਮੀਨਾਰ ਦੌਰਾਨ ਸਿੱਖ ਵਿਦਵਾਨ ਪ੍ਰੋ: ਆਪਿੰਦਰ ਸਿੰਘ ਮਾਹਿਲਪੁਰੀ ਦਾ ਸਨਮਾਨ ਕਰਦੇ ਹੋਏ ਪ੍ਰਿੰਸੀਪਲ ਡਾ. ਵਿਧੀ ਭੱਲਾ ਤੇ ਹੋਰ। ਤਸਵੀਰ : ਹਮਸ਼ਾਦਿਨ ਸਟੂਡੀਓ

ਪ੍ਰੋ.ਆਪਿੰਦਰ ਸਿੰਘ ਨੇ ਸਿੱਖ ਇਤਿਹਾਸ, ਸਿੱਖ ਲਹਿਰ ਅਤੇ ਗੁਰਮਤਿ ਨਾਲ ਜੁੜੀਆਂ ਸਿੱਖਿਆਵਾਂ ਅਤੇ ਸ਼ਹਾਦਤਾਂ ਨੂੰ ਵੱਖ-ਵੱਖ ਲਾਸਾਨੀ ਇਤਿਹਾਸਕਾਰਾਂ ਦੀਆਂ ਰਚਨਾਵਾਂ ਦੇ ਹਵਾਲੇ ਦੇ ਕੇ ਵਿਦਿਆਰਥੀਆਂ ਨੂੰ ਸੱਚ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਜੀਵਨ ਨਾਮ 'ਚ ਰੰਗੇ ਅਤੇ ਗੁਰੂ ਭਾਣੇ 'ਚ ਰਹਿ ਕੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀਆਂ ਅਦੁੱਤੀ ਸ਼ਹਾਦਤਾਂ ਦਾ ਵੀ ਬਿਰਤਾਂਤ ਵਿਦਿਆਰਥੀਆਂ ਦੇ ਰੂਬਰੂ ਕੀਤਾ। ਇਸ ਮੌਕੇ ਉਨ੍ਹਾਂ ਗੁਰਮਤਿ ਆਧਾਰਿਤ ਆਪਣੀ ਹੱਥ ਲਿਖਤ ਪੁਸਤਕ 'ਪ੍ਰੀਤ ਪੈਂਡੇ' ਵੀ ਕਾਲਜ ਨੂੰ ਭੇਟ ਕੀਤੀ। ਵਰਿੰਦਰ ਸਿੰਘ ਨਿਮਾਣਾ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸ਼ਹਾਦਤ ਬਾਰੇ ਵਿਚਾਰ ਵਟਾਂਦਰੇ ਕਰਦਿਆਂ ਕਿਹਾ ਕਿ ਉਨ੍ਹਾਂ ਧਰਮ ਦੀ ਰੱਖਿਆਂ ਲਈ ਔਰੰਗਜ਼ੇਬ ਦੀ ਧਾਰਮਿਕ ਕੱਟੜਤਾ ਦਾ ਬੜੇ ਸਿਦਕ ਅਤੇ ਸਬਰ ਨਾਲ ਵਿਰੋਧ ਕਰਕੇ ਆਪਣੀ ਅਦੁੱਤੀ ਸ਼ਹਾਦਤ ਦੇ ਕੇ ਵਿਸ਼ਵ ਭਰ 'ਚ ਪਿਆਰ ਅਤੇ ਸ਼ਾਂਤੀ ਦਾ ਸੰਦੇਸ਼ ਦਿੱਤਾ। ਸੈਮੀਨਾਰ 'ਚ ਨਵਨੀਤ ਕੌਰ ਅਤੇ ਬੀ.ਐੱਡ. ਤੇ ਐਮ.ਐੱਡ. ਵਿਦਿਆਰਥੀਆਂ ਨੇ ਵੀ ਆਪਣੀ ਕਵਿਤਾਵਾਂ ਅਤੇ ਵਿਚਾਰਾਂ ਰਾਹੀਂ ਗੁਰੂ ਸਾਹਿਬ ਜੀ ਨੂੰ ਆਪਣੀ ਅਕੀਦਤ ਪੇਸ਼ ਕੀਤੀ। ਇਸ ਮੌਕੇ ਪ੍ਰਧਾਨ ਡਾ. ਅਨੂਪ ਕੁਮਾਰ ਅਤੇ ਸਕੱਤਰ ਆਰ.ਐੱਮ.ਭੱਲਾ ਨੇ ਪ੍ਰਿੰਸੀਪਲ ਡਾ.ਵਿਧੀ ਭੱਲਾ ਦੀ ਅਗਵਾਈ 'ਚ ਸੰਪੰਨ ਹੋਏ ਇਸ ਸੈਮੀਨਾਰ 'ਚ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਦਿਖਾਏ ਰਸਤੇ 'ਤੇ ਚੱਲਦਿਆਂ ਸਰਬੱਤ ਦੇ ਭਲੇ ਲਈ ਉਦਮ ਕਰਦਿਆਂ ਆਪਣਾ ਜੀਵਨ ਸੁਚੱਜੇ ਢੰਗ ਨਾਲ ਜਿਊਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਡਾ. ਵਿਧੀ ਭੱਲਾ ਨੇ ਕੋਆਰਡੀਨੇਟਰ ਜਸਵਿੰਦਰ ਕੌਰ ਅਤੇ ਡਾ.ਹਰਪ੍ਰੀਤ ਸਿੰਘ ਵਲੋਂ ਸੈਮੀਨਾਰ ਦੇ ਕੀਤੇ ਸਫ਼ਲ ਆਯੋਜਨ ਦੀ ਸ਼ਲਾਘਾ ਕੀਤੀ।

ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਨੇ ਅੰਗਦਾਨ ਦਾ ਪ੍ਰਣ ਪੱਤਰ ਭਰ ਕੇ ਮਿਸਾਲ ਕੀਤੀ ਪੇਸ਼

ਹੁਸ਼ਿਆਰਪੁਰ, 27 ਨਵੰਬਰ (ਹਰਪ੍ਰੀਤ ਕੌਰਜਿੰਦਰ ਸਿੰਘ)-ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਅੰਗਦਾਨ ਸੰਕਲਪ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਅਸ਼ੋਕ ਚੱਕਰ ਮੀਟਿੰਗ ਹਾਲ ਵਿੱਚ ਸਹਾਇਕ ਕਮਿਸ਼ਨਰ (ਜ) ਪਰਮਪ੍ਰੀਤ ਸਿੰਘ ਨੇ ਅੰਗਦਾਨ ਦਾ ਪ੍ਰਣ ਪੱਤਰ ਭਰ ਕੇ ਮਿਸਾਲ ਪੇਸ਼ ਕੀਤੀ ਹੈ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਅਤੇ ਅੰਗਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਦੇ ਨੁਮਾਇੰਦੇ ਮੌਜੂਦ ਸਨ। ਸਹਾਇਕ ਕਮਿਸ਼ਨਰ ਨੇ ਸਾਰੇ ਵਿਭਾਗਾਂ ਦੇ ਨੁਮਾਇੰਦਿਆਂ ਨੂੰ ਇਸ ਮਹੱਤਵਪੂਰਨ ਸਮਾਜਿਕ ਮੁਹਿੰਮ ਵਿੱਚ ਸਰਗਰਮ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅੰਗਦਾਨ ਨਾ ਸਿਰਫ਼ ਕਈ ਕੀਮਤੀ ਜਾਨਾਂ ਬਚਾਉਣ ਵਿੱਚ ਮੱਦਦ ਕਰਦਾ ਹੈ, ਸਗੋਂ ਇਹ ਮਨੁੱਖਤਾ ਦੀ ਸੇਵਾ ਦੀ ਸਭ ਤੋਂ ਵੱਡੀ ਉਦਾਹਰਨ ਵੀ ਹੈ। ਉਨ੍ਹਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਆਪਣੇ-ਆਪਣੇ ਵਿਭਾਗ ਦੇ ਦਫ਼ਤਰਾਂ, ਸੰਸਥਾਵਾਂ, ਹਸਪਤਾਲਾਂ, ਸਕੂਲਾਂ ਅਤੇ ਹੋਰ ਜਨਤਕ ਥਾਵਾਂ 'ਤੇ ਕਿਊ ਆਰ ਕੋਡ ਪ੍ਰਦਰਸ਼ਿਤ ਕਰਨ ਅਤੇ ਲੋਕਾਂ ਨੂੰ ਸਕੈਨ ਕਰਕੇ ਰੈਜ਼ੋਲੂਸ਼ਨ ਫਾਰਮ ਭਰਨ ਲਈ ਉਤਸ਼ਾਹਿਤ ਕਰਨ। ਜ਼ਿਕਰਯੋਗ ਹੈ ਕਿ ਇਸ ਜ਼ਿਲ੍ਹਾ ਪੱਧਰੀ ਮੁਹਿੰਮ ਦੀ ਸ਼ੁਰੂਆਤ ਹੁਸ਼ਿਆਰਪੁਰ ਵਿੱਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ 21 ਨਵੰਬਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਕੀਤੀ ਸੀ। ਸਹਾਇਕ ਸਿਵਲ ਸਰਜਨ ਡਾ. ਅਜੇ ਬਸਰਾ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਹੁਣ ਤੱਕ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਲੱਗਭਗ 785 ਲੋਕਾਂ ਨੇ ਆਨਲਾਈਨ ਅੰਗਦਾਨ ਸਹੁੰ ਫਾਰਮ ਭਰਿਆ ਹੈ, ਜਦੋਂਕਿ ਪੂਰੇ ਪੰਜਾਬ ਵਿੱਚ ਲੱਗਭਗ 9150 ਲੋਕ ਇਸ ਮੁਹਿੰਮ ਵਿੱਚ ਸ਼ਾਮਿਲ ਹੋਏ ਹਨ।

ਸਹਾਇਕ ਕਮਿਸ਼ਨਰ (ਜ) ਪਰਮਪ੍ਰੀਤ ਸਿੰਘ।

ਭੋਗ 'ਤੇ ਵਿਸ਼ੇਸ਼ : ਬੀਬੀ ਸਵਰਨ ਕੌਰ

ਦਸੂਹਾ-ਡਾਇਰੈਕਟਰ ਇਕਬਾਲ ਸਿੰਘ ਚੀਮਾ ਦੀ ਪਤਨੀ ਸਵਰਨ ਕੌਰ ਨੇ 82 ਸਾਲ ਦੀ ਉਮਰ ਭੋਗ ਕੇ ਗੁਰੂ ਚਰਨਾਂ ਵਿਚ ਜਾ ਬਿਰਾਜੇ। ਬੀਬੀ ਸਵਰਨ ਕੌਰ ਆਪਣੇ ਕੋਮਲ ਸੁਭਾਅ, ਸਾਦੇ ਜੀਵਨ ਅਤੇ ਸੇਵਾ ਦੀ ਭਾਵਨਾ ਲਈ ਜਾਣੀ ਜਾਂਦੀ ਸੀ। ਪਰਿਵਾਰ ਅਤੇ ਸਮਾਜ ਲਈ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਦੇ ਅਕਾਲ ਚਲਾਣਾ ਕਰਨ ਨਾਲ ਪੂਰੇ ਖੇਤਰ ਵਿਚ ਸੋਗ ਦੀ ਲਹਿਰ ਦੌੜ ਗਈ ਹੈ।

ਪਰਿਵਾਰਕ ਮੈਂਬਰਾਂ, ਸ਼ੁੱਭਚਿੰਤਕਾਂ ਅਤੇ ਸਕੂਲ ਭਾਈਚਾਰੇ ਨੇ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਹੈ ਅਤੇ ਵਿੱਛੜੀ ਆਤਮਾ ਦੀ ਸ਼ਾਂਤੀ ਅਤੇ ਪਰਿਵਾਰ ਨੂੰ ਇਸ ਔਖੇ ਸਮੇਂ ਨੂੰ ਸਹਿਣ ਕਰਨ ਲਈ ਪ੍ਰਾਰਥਨਾ ਕੀਤੀ ਹੈ। ਸਵਰਗੀ ਸਵਰਨ ਕੌਰ ਦਾ ਜਨਮ 20 ਮਈ 1943 ਨੂੰ ਪਾਕਿਸਤਾਨ ਦੇ ਕੋਟ ਨੌਧ ਸਿੰਘ ਵਿਚ ਹੋਇਆ ਸੀ। ਉਨ੍ਹਾਂ ਦੇ ਪਿਤਾ ਦਾ ਨਾਮ ਹਜ਼ੂਰ ਸਿੰਘ ਸੀ ਅਤੇ ਉਨ੍ਹਾਂ ਦੀ ਮਾਤਾ ਦਾ ਨਾਮ ਸ਼ਾਂਤੀ ਦੇਵੀ ਸੀ। 1947 ਦੀ ਵੰਡ ਤੋਂ ਬਾਅਦ ਉਨ੍ਹਾਂ ਦਾ ਪੂਰਾ ਪਰਿਵਾਰ ਪਾਕਿਸਤਾਨ ਤੋਂ ਭਾਰਤ ਆ ਗਿਆ ਅਤੇ ਪਾਣੀਪਤ ਦੇ ਥਰੀ ਪਿੰਡ ਵਿਚ ਵਸ ਗਿਆ। 19 ਨਵੰਬਰ 1965 ਨੂੰ ਸਵਰਨ ਕੌਰ ਨੇ ਡਾਇਰੈਕਟਰ ਇਕਬਾਲ ਸਿੰਘ ਚੀਮਾ ਨਾਲ ਵਿਆਹ ਹੋਇਆ। ਉਨ੍ਹਾਂ ਦੀ ਕੁੱਖੋਂ ਦੋ ਪੁੱਤਰ ਅਤੇ ਦੋ ਧੀਆਂ ਪੁੱਤਰ ਦਵਿੰਦਰ ਪਾਲ ਸਿੰਘ ਅਤੇ ਪੁੱਤਰ ਰਵਿੰਦਰ ਪਾਲ ਸਿੰਘ ਚੀਮਾ, ਧੀਆਂ ਕੁਲਵੀਰ ਕੌਰ ਅਤੇ ਕੰਵਲਪ੍ਰੀਤ ਕੌਰ ਨੇ ਜਨਮ ਲਿਆ। ਬੀਬੀ ਸਵਰਨ ਕੌਰ ਅਤੇ ਉਨ੍ਹਾਂ ਦੇ ਪਤੀ, ਡਾਇਰੈਕਟਰ ਇਕਬਾਲ ਸਿੰਘ ਚੀਮਾ ਨੇ ਸਿੱਖਿਆ ਦੇ ਖੇਤਰ ਵਿਚ ਮਹੱ